**ਭੈਰਉ ਮਹਲਾ ੫ ॥ ਸਤਿਗੁਰ ਅਪੁਨੇ ਸੁਨੀ ਅਰਦਾਸਿ ॥ ਕਾਰਜੁ ਆਇਆ ਸਗਲਾ ਰਾਸਿ ॥ ਮਨ ਤਨ ਅੰਤਰਿ ਪ੍ਰਭੂ ਧਿਆਇਆ ॥ ਗੁਰ ਪੂਰੇ ਡਰੁ ਸਗਲ ਚੁਕਾਇਆ ॥੧॥ ਸਭ ਤੇ ਵਡ ਸਮਰਥ ਗੁਰਦੇਵ ॥ ਸਭਿ ਸੁਖ ਪਾਈ ਤਿਸ ਕੀ ਸੇਵ ॥ ਰਹਾਉ ॥ ਜਾ ਕਾ ਕੀਆ ਸਭੁ ਕਿਛੁ ਹੋਇ ॥ ਤਿਸ ਕਾ ਅਮਰੁ ਨ ਮੇਟੈ ਕੋਇ ॥ ਪਾਰਬ੍ਰਹਮੁ ਪਰਮੇਸਰੁ ਅਨੂਪੁ ॥ ਸਫਲ ਮੂਰਤਿ ਗੁਰੁ ਤਿਸ ਕਾ ਰੂਪੁ ॥੨॥ ਜਾ ਕੈ ਅੰਤਰਿ ਬਸੈ ਹਰਿ ਨਾਮੁ ॥ ਜੋ ਜੋ ਪੇਖੈ ਸੁ ਬ੍ਰਹਮ ਗਿਆਨੁ ॥ ਬੀਸ ਬਿਸੁਏ ਜਾ ਕੈ ਮਨਿ ਪਰਗਾਸੁ ॥ ਤਿਸੁ ਜਨ ਕੈ ਪਾਰਬ੍ਰਹਮ ਕਾ ਨਿਵਾਸੁ ॥੩॥ ਤਿਸੁ ਗੁਰ ਕਉ ਸਦ ਕਰੀ ਨਮਸਕਾਰ ॥ ਤਿਸੁ ਗੁਰ ਕਉ ਸਦ ਜਾਉ ਬਲਿਹਾਰ ॥ ਸਤਿਗੁਰ ਕੇ ਚਰਨ ਧੋਇ ਧੋਇ ਪੀਵਾ ॥ ਗੁਰ ਨਾਨਕ ਜਪਿ ਜਪਿ ਸਦ ਜੀਵਾ ॥੪॥੪੩॥੫੬॥**

ਪਦਅਰਥ:- ਸਤਿਗੁਰ ਅਪੁਨੇ—ਪਿਆਰੇ ਗੁਰੂ ਨੇ। ਅਰਦਾਸਿ—ਬੇਨਤੀ। ਕਾਰਜੁ—ਕੰਮ। ਆਇਆ ਰਾਸਿ—ਸਿਰੇ ਚੜ੍ਹ ਗਿਆ। ਅੰਤਰਿ—ਅੰਦਰ। ਗੁਰ ਪੂਰੈ—ਪੂਰੇ ਗੁਰੂ ਨੇ। ਸਗਲ—ਸਾਰਾ। ਚੁਕਾਇਆ—ਮੁਕਾ ਦਿੱਤਾ।1।

ਸਭ ਤੇ—ਸਭਨਾਂ ਨਾਲੋਂ। ਤੇ—ਤੋਂ। ਵਡ ਸਮਰਥ—ਵੱਡੀ ਤਾਕਤ ਵਾਲਾ। ਸਭਿ—ਸਾਰੇ। ਪਾਈ—ਪਾਈਂ, ਮੈਂ ਹਾਸਲ ਕਰਦਾ ਹਾਂ। ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਸੇਵ—ਸਰਨ। ਰਹਾਉ।

ਜਾ ਕਾ—ਜਿਸ (ਪਰਮਾਤਮਾ) ਦਾ। ਸਭੁ ਕਿਛੁ—ਹਰੇਕ ਕੰਮ। ਅਮਰੁ—ਹੁਕਮ। ਨ ਮੇਟੈ—ਮੋੜ ਨਹੀਂ ਸਕਦਾ। ਅਨੂਪੁ—{ਅਨ-ਊਪ} ਜਿਸ ਦੀ ਉਪਮਾ ਨਾਹ ਹੋ ਸਕੇ, ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ, ਬਹੁਤ ਹੀ ਸੁੰਦਰ। ਸਫਲ ਮੂਰਤਿ—ਜਿਸ ਦੀ ਹਸਤੀ ਸਾਰੇ ਫਲ ਦੇਣ ਵਾਲੀ ਹੈ। ਤਿਸ ਕਾ—{ਤਿਸੁ ਕਾ} ਉਸ ਪਰਮਾਤਮਾ ਦਾ।2।

ਜਾ ਕੈ ਅੰਤਰਿ—ਜਿਸ ਮਨੁੱਖ ਦੇ ਹਿਰਦੇ ਵਿਚ। ਜੋ ਜੋ—ਜੋ ਕੁਝ ਭੀ। ਪੇਖੈ—ਵੇਖਦਾ ਹੈ। ਸੁ—ਉਹ (ਵੇਖਿਆ ਹੋਇਆ ਪਦਾਰਥ)। ਬ੍ਰਹਮ ਗਿਆਨੁ—ਪਰਮਾਤਮਾ ਨਾਲ ਡੂੰਘੀ ਸਾਂਝ। ਬੀਸ ਬਿਸੁਏ—ਵੀਹ ਵਿਸਵੇ, ਪੂਰੇ ਤੌਰ ਤੇ। ਤਿਸੁ ਜਨ ਕੈ—ਉਸ ਮਨੁੱਖ ਦੇ ਹਿਰਦੇ ਵਿਚ।3।

ਸਦ—ਸਦਾ। ਕਰੀ—ਕਰੀਂ, ਮੈਂ ਕਰਦਾ ਹਾਂ। ਜਾਉ—ਜਾਉਂ, ਮੈਂ ਜਾਂਦਾ ਹਾਂ। ਬਲਿਹਾਰ—ਸਦਕੇ। ਧੋਇ—ਧੋ ਕੇ। ਪੀਵਾ—ਪੀਵਾਂ, ਮੈਂ ਪੀਂਦਾ ਰਹਾਂ। ਨਾਨਕ—ਹੇ ਨਾਨਕ! ਜਪਿ—ਜਪ ਕੇ। ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਨਹੀਂ।4।

ਅਰਥ:- ਹੇ ਭਾਈ! ਗੁਰੂ ਸਭਨਾਂ (ਦੇਵਤਿਆਂ) ਨਾਲੋਂ ਬਹੁਤ ਵੱਡੀ ਤਾਕਤ ਵਾਲਾ ਹੈ। ਮੈਂ (ਤਾਂ) ਉਸ (ਗੁਰੂ) ਦੀ ਸਰਨ ਪੈ ਕੇ ਸਾਰੇ ਸੁਖ ਪ੍ਰਾਪਤ ਕਰ ਰਿਹਾ ਹਾਂ। ਰਹਾਉ।

ਹੇ ਭਾਈ! ਪਿਆਰੇ ਗੁਰੂ ਨੇ (ਜਿਸ ਮਨੁੱਖ ਦੀ) ਬੇਨਤੀ ਸੁਣ ਲਈ, ਉਸ ਦਾ (ਹਰੇਕ) ਕੰਮ ਮੁਕੰਮਲ ਤੌਰ ਤੇ ਸਿਰੇ ਚੜ੍ਹ ਜਾਂਦਾ ਹੈ। ਉਹ ਮਨੁੱਖ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਦਾ ਰਹਿੰਦਾ ਹੈ। ਪੂਰਾ ਗੁਰੂ ਉਸ ਦਾ (ਹਰੇਕ) ਡਰ ਸਾਰੇ ਦਾ ਸਾਰਾ ਦੂਰ ਕਰ ਦੇਂਦਾ ਹੈ।1।

ਹੇ ਭਾਈ! (ਜਗਤ ਵਿਚ) ਜਿਸ (ਪਰਮਾਤਮਾ) ਦਾ ਕੀਤਾ ਹੀ ਹਰੇਕ ਕੰਮ ਹੋ ਰਿਹਾ ਹੈ, ਉਸ (ਪਰਮਾਤਮਾ) ਦਾ ਹੁਕਮ ਕੋਈ ਜੀਵ ਮੋੜ ਨਹੀਂ ਸਕਦਾ। ਉਹ ਪ੍ਰਭੂ ਪਰਮੇਸਰ (ਐਸਾ ਹੈ ਕਿ ਉਸ) ਵਰਗਾ ਹੋਰ ਕੋਈ ਨਹੀਂ। ਉਸ ਦੇ ਸਰੂਪ ਦਾ ਦੀਦਾਰ ਸਾਰੇ ਮਨੋਰਥ ਪੂਰੇ ਕਰਦਾ ਹੈ। ਹੇ ਭਾਈ! ਗੁਰੂ ਉਸ ਪਰਮਾਤਮਾ ਦਾ ਰੂਪ ਹੈ।2।

ਹੇ ਭਾਈ! (ਗੁਰੂ ਦੀ ਰਾਹੀਂ) ਜਿਸ (ਮਨੁੱਖ) ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, (ਉਹ ਮਨੁੱਖ ਜਗਤ ਵਿਚ) ਜੋ ਕੁਝ ਭੀ ਵੇਖਦਾ ਹੈ ਉਹ (ਵੇਖਿਆ ਪਦਾਰਥ ਉਸ ਦੀ) ਪਰਮਾਤਮਾ ਨਾਲ ਡੂੰਘੀ ਸਾਂਝ ਹੀ ਬਣਾਂਦਾ ਹੈ। ਹੇ ਭਾਈ! (ਗੁਰੂ ਦੀ ਰਾਹੀਂ) ਜਿਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦਾ ਮੁਕੰਮਲ ਚਾਨਣ ਹੋ ਜਾਂਦਾ ਹੈ, ਉਸ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ।3।

ਹੇ ਨਾਨਕ! (ਆਖ—ਹੇ ਭਾਈ!) ਉਸ ਗੁਰੂ ਨੂੰ ਮੈਂ ਸਦਾ ਸਿਰ ਨਿਵਾਂਦਾ ਰਹਿੰਦਾ ਹਾਂ ਉਸ ਗੁਰੂ ਤੋਂ ਮੈਂ ਸਦਾ ਕੁਰਬਾਨ ਜਾਂਦਾ ਹਾਂ। ਮੈਂ ਉਸ ਗੁਰੂ ਦੇ ਚਰਨ ਧੋ ਧੋ ਕੇ ਪੀਂਦਾ ਹਾਂ (ਭਾਵ, ਮੈਂ ਉਸ ਗੁਰੂ ਤੋਂ ਆਪਣਾ ਆਪਾ ਸਦਕੇ ਕਰਦਾ ਹਾਂ)। ਉਸ ਗੁਰੂ ਨੂੰ ਸਦਾ ਚੇਤੇ ਕਰ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਰਹਿੰਦਾ ਹਾਂ।4। 43। 56।